3/51/2013-3ਸਿ3/ 256113/1

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਐਪਲ ਇੰਟਰਨੈਸਨਲ ਸਕੂਲ,
ਲੰਬੀ,
ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ।

ਮਿਤੀ, ਚੰਡੀਗੜ੍ਹ: 30-6-14

ਵਿਸ਼ਾ: ਐਪਲ ਇੰਟਰਨੈਸ਼ਨਲ ਸਕੂਲ, ਲੰਬੀ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਸੀ. ਬੀ.ਐਸ.ਈ ' ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ ਸ੍ਰੀ ਮੁਕਤਸਰ ਸਾਹਿਬ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ ਬੀ ਐਸ ਈ ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

Mandeep Pal
Principal
Apple International School
Malout

ਸਕੂਲ ਮੈਨੇਜਮੇਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ ਟੀ ਈ ਐਕਟ-2009 ਦੇ ਰੂਲਾਂ ਦੀ ਇਨ-ਬਿਨ ਪਾਲਣਾ ਹੋਵੇਗੀ।

Scanned by Scanner Go

Scanned with OKEN Scanner

4. ਸੀ ਬੀ ਐਸ ਈ ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਉਪ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ: 3/51/2013-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/17-2002-ਗ੍ਰਾਂਟ1(1)/407 ਮਿਤੀ 17.5.2013 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਐਪਲ ਇੰਟਰਨੈਸ਼ਨਲ ਸਕੂਲ, ਲੰਬੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਉਪ ਸਕੱਤਰ ਸਕੂਲ ਸਿੱਖਿਆ

Mandeep Pal

Mandeep Pal
Principal
Apple International School
Malout

ਅੰਦਰੂਨੀ ਵੰਡ:

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਕੱਤਰ/ ਸਪੈਸ਼ਲ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਨਿੱਜੀ ਸਕੱਤਰ/ ਉਪ ਸਕੱਤਰ ਸਕੂਲ ਸਿੱਖਿਆ, ਪੰਜਾਬ।

Scanned by Scanner Go

Scanned with OKEN Scanner